# ਪ੍ਰੈਸ ਨੋਟ

**ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਐਨ.ਡੀ.ਪੀ.ਐਸ ਐਕਟ ਦੇ ਭਗੌੜੇ ਨੂੰ ਕੀਤਾ ਗਿਆ ਕਾਬੂ**

ਸ੍ਰੀ ਮੁਕਤਸਰ ਸਾਹਿਬ (        ) ਜਿਲ੍ਹਾ ਪੁਲਿਸ ਮੁਖੀ ਸ੍ਰੀ ਧਰੁਮਨ.ਐਚ.ਨਿੰਬਾਲੇ ਆਈ.ਪੀ.ਐਸ,ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ ਅਨੁਸਾਰ, ਐਸ.ਪੀ (ਡੀ) ਅਤੇ ਉਪ ਕਪਤਾਨ ਪੁਲਿਸ (ਸ.ਡ) ਸ੍ਰੀ ਮੁਕਤਸਰ ਸਾਹਿਬ ਜੀ ਦੀ ਅਗਵਾਈ ਹੇਠ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਨੂੰ ਉਸ ਵਕਤ ਸਫਲਤਾ ਹਾਸਿਲ ਹੋਈ ਜਦ ਸ:ਥ ਜਗਦੀਸ਼ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੇ ਬੂੜਾ ਗੁੱਜਰ ਰੋਡ ਮੋਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਮੁਕੱਦਮਾ ਨੰਬਰ 161 ਮਿਤੀ 06/07/2022 ਅ/ਧ 21/61/85 ਐਨ.ਡੀ.ਪੀ.ਐਸ ਐਕਟ ਅਤੇ 307 ਹਿ:ਦੰ: ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ ਦਾ ਦੋਸ਼ੀ ਸਾਗਰ ਉਰਫ ਜੀਵਾ ਪੁੱਤਰ ਮਹਿਤਾ ਵਾਸੀ ਲਿਟਲ ਫਲਾਵਰ ਸਕੂਲ ਵਾਲੀ ਗਲੀ ਬੂੜਾ ਗੁੱਜਰ ਰੋਡ ਸ੍ਰੀ ਮੁਕਤਸਰ ਸਾਹਿਬ ਜੋ ਮਿਤੀ 07/07/2022 ਨੂੰ ਸਿਵਲ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿੱਚੋਂ ਪੁਲਿਸ ਕਰਮਚਾਰੀਆਂ ਨੂੰ ਚਕਮਾ ਦੇ ਕੇ ਭੱਜਣ ਵਿੱਚ ਕਾਮਯਾਬ ਹੋ ਗਿਆ ਸੀ, ਇਸ ਵਕਤ ਕੋਟਲੀ ਰੋਡ ਪੁਲ ਸੁਆ ਦੇ ਨਜਦੀਕ ਸਰ ਕਾਨਿਆਂ ਵਿੱਚ ਲੁਕ-ਛੁਪ ਕੇ ਬੈਠਾ ਹੋਇਆ ਹੈ। ਜਿਸਨੂੰ ਸਾਥੀ ਕਰਮਚਾਰੀਆਂ ਦੀ ਮੱਦਦ ਨਾਲ ਕਾਬੂ ਕਰਕੇ ਮੁਕੱਦਮਾ ਹਜਾ ਵਿੱਚ ਹਸਬ ਜਾਬਤਾ ਅਨੁਸਾਰ ਗ੍ਰਿਫਤਾਰ ਕੀਤਾ ਗਿਆ। ਜਿਸਨੂੰ ਕੱਲ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ।